ਪੰਜਾਬ ਸਰਕਾਰ
ਸਕੂਲ ਸਿੱਖਿਆ ਵਿਭਾਗ

---

ਵੱਲ,

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ:ਸਿ:), ਪੰਜਾਬ। (ਵੈਬ-ਸਾਈਟ ਰਾਹੀਂ)
ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐ:ਸਿ:) ਪੰਜਾਬ।
ਸਮੂਹ ਸਕੂਲ ਮੁੱਖੀ, ਪੰਜਾਬ।
ਮੀਮੋ ਨੰ: 13/1-2019/SSA/mis/2019107318
ਮਿਤੀ: ਚੰਡੀਗੜ੍ਹ 04-04-2019

ਵਿਸ਼ਾ:- **ਈ-ਪੰਜਾਬ ਸਕੂਲ ਪੋਰਟਲ ਉੱਤੇ ਨਵੇਂ ਸ਼ੈਸ਼ਨ ਦੌਰਾਨ ਵਿਦਿਆਰਥੀਆਂ ਦਾ ਡਾਟਾ ਅਪਡੇਟ ਕਰਨ ਸਬੰਧੀ।**

**ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।**

1.0 ਜਿਵੇਂ ਕਿ ਆਪ ਜੀ ਨੂੰ ਪਤਾ ਹੈ ਕਿ ਸਕੂਲ ਸਿੱਖਿਆ ਵਿਭਾਗ ਦੁਆਰਾ ਕੋਈ ਵੀ ਜਾਣਕਾਰੀ ਡਾਕ ਰਾਹੀਂ ਲੈਣ ਦੀ ਮਨਾਹੀ ਕੀਤੀ ਹੋਈ ਹੈ ਅਤੇ ਜੋ ਵੀ ਜਾਣਕਾਰੀ ਵਿਭਾਗ ਨੂੰ ਚਾਹੀਦੀ ਹੈ ਉਹ ਵਿਭਾਗ ਦੇ ਪੋਰਟਲ ਤੇ ਮੌਜੂਦ ਡਾਟੇ ਨੂੰ ਡਾਊਨਲੋਡ ਕਰਕੇ ਇਸਤੇਮਾਲ ਕੀਤੀ ਜਾ ਸਕਦੀ ਹੈ, ਪਰ ਇਹ ਤਾਂ ਹੀ ਮੁਮਕਿਨ ਹੈ, ਜੇਕਰ ਸਕੂਲਾਂ ਦਾ ਡਾਟਾ ਪੂਰੀ ਤਰ੍ਹਾਂ ਮੁਕੰਮਲ/ਅਪਡੇਟ ਹੋਵੇ। ਪ੍ਰੰਤੂ ਇਹ ਵੇਖਣ ਵਿੱਚ ਆਇਆ ਹੈ ਕਿ ਸਕੂਲ ਮੁੱਖੀ ਡਾਟਾ ਅਪਲੋਡ ਕਰਨ ਦੇ ਕੰਮ ਨੂੰ ਪੂਰੀ ਤਰ੍ਹਾਂ ਤਰਜੀਹ ਨਹੀਂ ਦਿੰਦੇ।

2.0 ਜਦੋਂ ਕਿ ਇਸ ਸਮੇਂ ਨਵੇਂ ਵਿਦਿਆਰਥੀਆਂ ਦੇ ਦਾਖਲੇ ਵੀ ਵੱਡੇ ਪੱਧਰ ਤੇ ਸਕੂਲ ਮੁੱਖੀਆਂ ਦੁਆਰਾ ਕੀਤੇ ਜਾ ਰਹੇ ਹਨ ਅਤੇ ਵਿਦਿਆਰਥੀਆਂ ਨੂੰ ਸਰਕਾਰ ਦੁਆਰਾ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਵੀ ਮੁਹੱਈਆ ਕਰਵਾਉਣੀਆਂ ਹਨ, ਇਸ ਲਈ ਇਨ੍ਹਾਂ ਸਾਰੇ ਵਿਦਿਆਰਥੀਆਂ ਦਾ ਡਾਟਾ ਪੋਰਟਲ ਤੇ ਅਪਡੇਟ ਹੋਣਾ ਬਹੁਤ ਹੀ ਲਾਜ਼ਮੀ ਹੈ। ਜੇਕਰ ਕਿਸੇ ਵਿਦਿਆਰਥੀ ਦਾ ਡਾਟਾ ਪੋਰਟਲ ਤੇ ਅਪਲੋਡ ਨਹੀਂ ਕੀਤਾ ਗਿਆ ਤਾਂ ਉਸ ਵਿਦਿਆਰਥੀ ਦੀ ਇਨਰੋਲਮੈਂਟ ਨੂੰ ਨਹੀਂ ਮੰਨਿਆ ਜਾਵੇਗਾ ਭਾਵੇਂ ਕਿ ਸਕੂਲਾਂ ਦੁਆਰਾ ਇਹੋ ਜਿਹੇ ਵਿਦਿਆਰਥੀਆਂ ਨੂੰ ਦਾਖਲ ਕਰ ਲਿਆ ਗਿਆ ਹੈ। ਇਹ ਇਸ ਕਰਕੇ ਵੀ ਜ਼ਰੂਰੀ ਹੈ ਕਿ ਇਸ ਸਾਲ ਹਰ ਸਕੂਲ ਦੇ ਵਿੱਚ ਕਿਤਾਬਾਂ ਪੋਰਟਲ ਦੇ ਡਾਟੇ ਮੁਤਾਬਿਕ ਹੀ ਦਿੱਤੀਆਂ ਜਾਣੀਆਂ ਹਨ।

3.0 ਉਪਰੋਕਤ ਨੂੰ ਧਿਆਨ ਵਿੱਚ ਰੱਖਦੇ ਹੋਏ ਸਬੰਧਤ ਸਕੂਲ ਮੁੱਖੀਆਂ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਸਕੂਲ/ਜ਼ਿਲ੍ਹੇ ਨਾਲ ਸਬੰਧਤ ਲੋੜੀਂਦਾ ਡਾਟਾ ਖਾਸ ਕਰਕੇ ਵਿਦਿਆਰਥੀਆਂ ਦੀ ਇਨਰੋਲਮੈਂਟ, ਅਧਿਆਪਕਾਂ ਦੀ ਮੌਜੂਦਗੀ ਅਤੇ ਵਿਦਿਆਰਥੀਆਂ ਨੂੰ ਦਿੱਤੀਆਂ ਗਈਆਂ ਕਿਤਾਬਾਂ ਦੇ ਬਾਰੇ ਡਾਟਾ ਪੋਰਟਲ ਤੇ ਤੁਰੰਤ ਅਪਲੋਡ ਕਰਨ ਦੀ ਖੇਚਲ ਕਰਨ।

ਇਸ ਨੂੰ ਪਰਮ ਅਗੇਤ ਦਿੱਤੀ ਜਾਵੇ।

**ਸਕੱਤਰ ਸਕੂਲ ਸਿੱਖਿਆ**